# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 09-09-2024**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨਵੀਂ ਦਿੱਲੀ ਵਿੱਚ, ਅਬੂ ਧਾਬੀ ਦੇ ਵਲੀ ਅਹਿਦ, ਸ਼ੇਖ ਖਾਲਿਦ ਬਿਨ ਮੁਹੰਮਦ ਬਿਨ ਜ਼ਾਏਦ ਅਲ ਨਾਹਯਾਨ ਨਾਲ, ਵਫ਼ਦ ਪੱਧਰ ਦੀ ਗੱਲਬਾਤ ਕਰ ਰਹੇ ਨੇ। ਮੀਟਿੰਗ ਦੌਰਾਨ ਦੋਵੇਂ ਨੇਤਾ, ਭਾਰਤ ਅਤੇ ਸੰਯੁਕਤ ਅਰਬ ਅਮੀਰਾਤ ਦਰਮਿਆਨ ਦੁਵੱਲੇ ਸਹਿਯੋਗ ਦੇ ਕਈ ਖੇਤਰਾਂ 'ਤੇ ਚਰਚਾ ਕਰਨਗੇ। ਸ਼ੇਖ ਖਾਲਿਦ ਬਿਨ ਮੁਹੰਮਦ ਬਿਨ ਜ਼ਾਏਦ ਅਲ ਨਾਹਯਾਨ ਅਬੂ ਧਾਬੀ ਦੇ ਵਲੀ ਅਹਿਦ ਦੇ ਰੂਪ ਵਿੱਚ ਆਪਣੀ ਪਹਿਲੀ ਭਾਰਤ ਫੇਰੀ 'ਤੇ ਬੀਤੀ ਸ਼ਾਮ ਨਵੀਂ ਦਿੱਲੀ ਪਹੁੰਚੇ। ਇਸ ਮਗਰੋਂ ਉਹ, ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨਾਲ ਵੀ ਮੁਲਾਕਾਤ ਕਰਨਗੇ। ਭਾਰਤ ਅਤੇ ਸੰਯੁਕਤ ਅਰਬ ਅਮੀਰਾਤ ਦੇ ਇਤਿਹਾਸਕ ਤੌਰ 'ਤੇ ਨਜ਼ਦੀਕੀ ਅਤੇ ਦੋਸਤਾਨਾ ਸਬੰਧ ਨੇ। ਹਾਲ ਹੀ ਦੇ ਸਾਲਾਂ ਵਿੱਚ, ਭਾਰਤ ਅਤੇ ਸੰਯੁਕਤ ਅਰਬ ਅਮੀਰਾਤ ਦਰਮਿਆਨ

ਵਿਆਪਕ ਰਣਨੀਤਕ ਭਾਈਵਾਲੀ, ਸਿਆਸੀ, ਵਪਾਰ, ਨਿਵੇਸ਼, ਸੰਪਰਕ, ਊਰਜਾ, ਤਕਨਾਲੋਜੀ, ਸਿੱਖਿਆ ਅਤੇ ਸੱਭਿਆਚਾਰ ਸਮੇਤ ਕਈ ਖੇਤਰਾਂ ਵਿੱਚ ਡੂੰਘੀ ਹੋਈ ਏ।

---------------------------------------------------

ਸੁਲਤਾਨਪੁਰ ਲੋਧੀ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਵਿਆਹ ਪੁਰਬ ਸੰਬੰਧੀ ਅੱਜ ਇਤਿਹਾਸਿਕ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਤੋਂ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ । ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਤੇ ਪੰਜ ਪਿਆਰਿਆਂ ਦੀ ਅਗਵਾਈ ਤੇ ਖ਼ਾਲਸਾਈ ਜੈਕਾਰਿਆਂ ਦੀ ਗੂੰਜ ਵਿਚ ਸਵੇਰੇ ਕਰੀਬ ਸਾਢੇ 7 ਵਜੇ ਗੁਰਦੁਆਰਾ ਕੰਧ ਸਾਹਿਬ ਬਟਾਲਾ ਲਈ ਰਵਾਨਾ ਹੋਇਆ। ਇਸ ਤੋਂ ਪਹਿਲਾਂ ਗੁਰਦੁਆਰਾ ਸ੍ਰੀ ਬੇਰ ਸਾਹਿਬ ਵਿਚ ਗੁਰਦੁਆਰਾ ਸਾਹਿਬ ਦੇ ਹੈਡ ਗ੍ਰੰਥੀ ਭਾਈ ਸਤਨਾਮ ਸਿੰਘ ਨੇ ਨਗਰ ਕੀਰਤਨ ਦੀ ਆਰੰਭਤਾ ਦੀ ਅਰਦਾਸ ਕੀਤੀ । ਬਾਅਦ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਜਥੇਦਾਰ ਜਰਨੈਲ ਸਿੰਘ ਡੋਗਰਾਂਵਾਲਾ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ , ਖੂਬਸੂਰਤ ਫੁੱਲਾਂ ਨਾਲ

ਸਜਾਈ ਗਈ ਪਾਲਕੀ ਵਿਚ ਸੁਸ਼ੋਭਿਤ ਕੀਤੇ। ਨਗਰ ਕੀਰਤਨ ਦੇ ਰੋਟਰੀ ਚੌਂਕ ਪੁੱਜਣ ’ਤੇ ਪੰਜਾਬ ਪੁਲਿਸ ਦੀ ਟੁਕੜੀ ਨੇ ਸ਼ਾਨਦਾਰ ਸਵਾਗਤ ਕੀਤਾ। ਇਸ ਤੋਂ ਇਲਾਵਾ ਸੰਗਤਾਂ ਤੇ ਸ਼ਹਿਰ ਦੀਆਂ ਹੋਰ ਸੰਸਥਾਵਾਂ ਨੇ ਨਗਰ ਕੀਰਤਨ ਦਾ ਨਿੱਘਾ ਸਵਾਗਤ ਕੀਤਾ।

---------------------------------------------------

ਇਸ ਸਾਲ ਸਤੰਬਰ ਦੇ ਪਹਿਲੇ ਹਫ਼ਤੇ, ਵਿਦੇਸ਼ੀ ਨਿਵੇਸ਼ਕਾਂ ਨੇ ਭਾਰਤੀ ਪੂੰਜੀ ਬਾਜ਼ਾਰ ਵਿੱਚ, 11 ਹਜ਼ਾਰ 345 ਕਰੋੜ ਰੁਪਏ ਦਾ ਨਿਵੇਸ਼ ਕੀਤਾ ਏ। ਸ਼ੇਅਰ ਬਾਜ਼ਾਰਾਂ ਵਿੱਚ 10 ਹਜ਼ਾਰ 978 ਕਰੋੜ ਰੁਪਏ ਅਤੇ ਕਰਜ਼ਾ ਬਾਜ਼ਾਰਾਂ ਵਿੱਚ 377 ਕਰੋੜ ਰੁਪਏ ਦਾ ਨਿਵੇਸ਼ ਕੀਤਾ ਗਿਆ ਏ।

---------------------------------------------------

ਪੰਜਾਬ ਦੇ ਡਾਕਟਰਾਂ ਦੀਆਂ ਮੰਗਾਂ ਪੂਰੀਆਂ ਨਾ ਹੋਣ ਕਾਰਨ, ਡਾਕਟਰਾਂ ਦੀ ਜਥੇਬੰਦੀ, ਪੰਜਾਬ ਸਿਵਲ ਮੈਡੀਕਲ ਸਰਵਿਸਿਜ਼ ਐਸੋਸੀਏਸ਼ਨ ਦੇ ਸੱਦੇ 'ਤੇ ਸੂਬੇ ’ਚ ਡਾਕਟਰਾਂ ਨੇ ਆਪਣੀਆਂ ਮੰਗਾਂ ਨੂੰ ਲੈ ਕੇ ਅੱਜ ਤਿੰਨ ਘੰਟੇ ਲਈ ਹੜਤਾਲ ਕੀਤੀ ਏ, ਜਿਸ ਕਾਰਨ ਸਿਵਲ ਹਸਪਤਾਲ ਕਪੂਰਥਲਾ ਵਿਚ ਇਲਾਜ ਕਰਵਾਉਣ ਆਏ ਮਰੀਜਾਂ ਨੂੰ ਪ੍ਰੇਸ਼ਾਨੀਆਂ ਦਾ

ਸਾਹਮਣਾ ਕਰਨਾ ਪੈ ਰਿਹਾ ਏ। ਇਸ ਸੰਬੰਧੀ  ਜ਼ਿਲ੍ਹਾ ਪ੍ਰੈਸ ਸਕੱਤਰ ਡਾ. ਅਮਨਜੋਤ ਕੋਰ ਨੇ ਦੱਸਿਆ ਕਿ ਪਿਛਲੇ ਲੰਬੇ ਸਮੇਂ ਤੋਂ ਡਾਕਟਰਾਂ ਦੀਆਂ ਮੰਗਾਂ ਸੰਬੰਧੀ ਸਰਕਾਰ ਵਲੋਂ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ ਜਿਸ ਕਾਰਨ ਅੱਜ ਪੰਜਾਬ ਵਿਚ ਡਾਕਟਰਾਂ ਵੱਲੋਂ ਸਵੇਰੇ  8 ਤੋਂ ਲੈ ਕੇ 11 ਵਜੇ ਤੱਕ ਹੜਤਾਲ ਕੀਤੀ ਗਈ ।

---------------------------------------------------

ਓਧਰ ਫਤਿਹਗੜ੍ਹ ਸਾਹਿਬ ਦੇ ਸਿਵਲ ਹਸਪਤਾਲ  ਵਿਖੇ ਵੀ ਡਾਕਟਰਾਂ ਵੱਲੋਂ ਅੱਜ ਤੋਂ ਲੈ ਕੇ 11 ਸਤੰਬਰ ਤੱਕ ਸਵੇਰੇ 8 ਵਜੇ ਤੋਂ ਲੈ ਕੇ 11 ਵਜੇ ਤੱਕ, ਓ.ਪੀ.ਡੀ ਸੇਵਾਵਾਂ ਬੰਦ ਕਰਕੇ ਹੜਤਾਲ ਕੀਤੀ ਗਈ । PCMS ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਡਾ. ਕੰਵਰਪਾਲ ਸਿੰਘ ਨੇ ਦੱਸਿਆ ਕਿ ਏ.ਸੀ.ਪੀ  ਨੂੰ ਬਹਾਲ ਕਰਨ ਅਤੇ ਸੁਰੱਖਿਆ ਪ੍ਰਬੰਧਾਂ 'ਤੇ ਕੁੱਝ ਨਾ ਕੀਤੇ ਜਾਣ ਤੇ ਡਾਕਟਰ ਐਸੋਸੀਏਸ਼ਨ ਵਿੱਚ ਨਾਰਾਜ਼ਗੀ ਪਾਈ ਜਾ ਰਹੀ ਏ। ਉਨਾਂ  ਸਪੱਸ਼ਟ ਕੀਤਾ ਏ  ਕਿ ਏਸੀਪੀ ਨੂੰ ਬਹਾਲ ਕਰਨ ਦੀ ਮੰਗ ਨਾਲ ਸਮਝੌਤਾ ਨਹੀਂ ਕੀਤਾ ਜਾ ਸਕਦਾ, ਅਤੇ  ਜਦੋਂ ਤੱਕ ਮੰਗਾਂ, ਖਾਸ ਤੌਰ 'ਤੇ ACPs ਦੀਆਂ ਮੰਗਾਂ ਨੂੰ  ਪੂਰਾ ਨਹੀਂ ਕੀਤਾ ਜਾਂਦਾ

ਤਾਂ ਉਹਨਾਂ ਦਾ ਕੇਡਰ ਅਣਮਿੱਥੇ ਸਮੇਂ ਲਈ ਸੇਵਾਵਾਂ ਨੂੰ ਮੁਅੱਤਲ ਕਰਨ ਤੇ ਕਾਇਮ ਰਹੇਗਾ। ਉਨ੍ਹਾਂ ਲੋਕ ਹਿੱਤ ਨੂੰ ਮੁੱਖ ਰੱਖਦੇ ਹੋਏ ਸਰਕਾਰ ਨੂੰ ਇਹਨਾਂ ਵੱਲ ਤੁਰੰਤ ਧਿਆਨ ਦੇਣ ਦੀ ਮੰਗ ਕੀਤੀ।

---------------------------------------------------------

ਭਾਰਤੀ ਜਨਤਾ ਪਾਰਟੀ ਜਲੰਧਰ ਦੇ ਲੋਕਲ ਬਾਡੀ ਸੈੱਲ ਦੇ ਜ਼ਿਲਾ ਕਨਵੀਨਰ ਮਨੀਸ਼ ਸਹਿਗਲ ਦੀ ਪ੍ਰਧਾਨਗੀ ਹੇਠ, ਕੰਪਨੀ ਬਾਗ ਚੌਕ ਵਿਖੇ ਨਗਰ ਨਿਗਮ ਅਤੇ ਭਗਵੰਤ ਮਾਨ ਸਰਕਾਰ ਖਿਲਾਫ ਪੁਤਲਾ ਫੂਕ ਪ੍ਰਦਰਸ਼ਨ ਕੀਤਾ ਗਿਆ। ਇਸ ਪ੍ਰਦਰਸ਼ਨ ਵਿਚ ਸਾਬਕਾ ਮੁਖ ਸੰਸਦੀ ਸਕੱਤਰ ਕੇ.ਡੀ.ਭੰਡਾਰੀ, ਜ਼ਿਲਾ ਜਨਰਲ ਸਕੱਤਰ ਰਾਜੇਸ਼ ਕਪੂਰ ਸਮੇਤ ਹੋਰਾਂ ਵੱਲੋਂ ਪੁਤਲਾ ਫੂਕ ਕੇ ਪ੍ਰਦਰਸ਼ਨ ਕੀਤਾ ਗਿਆ। ਕੇ.ਡੀ.ਭੰਡਾਰੀ ਨੇ ਕਿਹਾ ਕਿ ਇਲਾਕੇ ਵਿੱਚ ਖੜ੍ਹੇ ਗੰਦੇ ਪਾਣੀ ਕਾਰਨ ਲੋਕ ਡੇਂਗੂ ਅਤੇ ਮਲੇਰੀਆ ਦਾ ਸ਼ਿਕਾਰ ਹੋ ਰਹੇ ਨੇ, ਜਿਸ ਲਈ ਨਿਗਮ ਅਤੇ ਭਗਵੰਤ ਮਾਨ ਸਰਕਾਰ ਇਸ ਮੌਕੇ ਜਿੰਮੇਵਾਰ ਨੇ। ਮੁਨੀਸ਼ ਸਹਿਗਲ ਨੇ ਕਿਹਾ ਕਿ ਸ਼ਹਿਰ ਦੀਆਂ ਸਟਰੀਟ ਲਾਈਟਾਂ ਪਿਛਲੇ ਕਈ ਹਫਤਿਆਂ ਤੋਂ ਬੰਦ ਨੇ ਜਿਸ ਕਾਰਨ ਸ਼ਹਿਰ ਵਿੱਚ ਲਗਾਤਾਰ ਲੁੱਟ-ਖੋਹ ਦੀਆਂ ਘਟਨਾਵਾਂ

ਵਾਪਰ ਰਹੀਆਂ ਨੇ। ਰਾਜੇਸ਼ ਕਪੂਰ ਨੇ ਵੀ ਸ਼ਹਿਰ ਦੀਆਂ ਟੁੱਟੀਆਂ ਸੜਕਾਂ ਕਾਰਨ ਹੋ ਰਹੇ ਹਾਦਸਿਆਂ ਦੀ ਸਖ਼ਤ ਨਿਖੇਧੀ ਕੀਤੀ।

-------------------------------------------------------

ਪੈਰਿਸ ਵਿੱਚ ਇੱਕ ਸ਼ਾਨਦਾਰ ਸਮਾਗਮ ਨਾਲ ਬੀਤੀ ਰਾਤ ਪੈਰਾਲੰਪਿਕ ਖੇਡਾਂ ਦੀ ਸਮਾਪਤੀ ਹੋ ਗਈ । ਭਾਰੀ ਮੀਂਹ ਦੇ ਬਾਵਜੂਦ ਵੱਡੀ ਗਿਣਤੀ ਵਿੱਚ ਲੋਕਾਂ ਨੇ ਸਮਾਗਮ ਦਾ ਆਨੰਦ ਮਾਣਿਆ। ਪੈਰਿਸ ਪੈਰਾਲੰਪਿਕ 'ਚ ਦੁਨੀਆ ਭਰ ਦੇ, 4 ਹਜ਼ਾਰ 400 ਤੋਂ ਵੱਧ ਖਿਡਾਰੀਆਂ ਨੇ ਹਿੱਸਾ ਲਿਆ। ਅਗਲੀਆਂ ਪੈਰਾਲੰਪਿਕ ਖੇਡਾਂ 2028 ਵਿੱਚ ਲਾਸ ਏਂਜਲਸ ਵਿੱਚ ਹੋਣਗੀਆਂ । ਇਨ੍ਹਾਂ ਪੈਰਾਲੰਪਿਕ ਖੇਡਾਂ ਵਿੱਚ ਭਾਰਤ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ ਅਤੇ 7 ਸੋਨੇ , 9 ਚਾਂਦੀ ਅਤੇ 13 ਕਾਂਸੀ ਦੇ ਤਮਗਿਆਂ ਸਮੇਤ ਕੁੱਲ 29 ਤਮਗੇ ਜਿੱਤੇ। ਭਾਰਤ ਤਮਗਾ ਸੂਚੀ ਵਿਚ 18ਵੇਂ ਸਥਾਨ 'ਤੇ ਏ। ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਭਾਰਤੀ ਟੀਮ ਦੇ ਸ਼ਾਨਦਾਰ ਪ੍ਰਦਰਸ਼ਨ 'ਤੇ ਖੁਸ਼ੀ ਦਾ ਇਜ਼ਹਾਰ ਕੀਤਾ । ਰਾਸ਼ਟਰਪਤੀ ਨੇ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਕਿ ਇਨ੍ਹਾਂ ਤਮਗਾ ਜੇਤੂ ਖਿਡਾਰੀਆਂ ਦੀ ਜਿੱਤ ਦੀਆਂ ਕਹਾਣੀਆਂ, ਲੋਕਾਂ ਅਤੇ ਖਾਸ ਕਰਕੇ

ਨੌਜਵਾਨਾਂ ਨੂੰ ਪ੍ਰੇਰਿਤ ਕਰਨਗੀਆਂ। ਓਧਰ ਭਾਰਤੀ ਖਿਡਾਰੀ ਨਵਦੀਪ ਸਿੰਘ ਨੇ, ਪੈਰਿਸ ਪੈਰਾਲੰਪਿਕ ਦੇ ਜੈਵਲਿਨ ਥਰੋਅ ਮੁਕਾਬਲੇ ਵਿੱਚ ਸੋਨ ਤਮਗਾ ਜਿੱਤਣ ਦਾ ਸਿਹਰਾ ਸਖ਼ਤ ਮਿਹਨਤ ਅਤੇ ਸਬਰ ਨੂੰ ਦਿੱਤਾ ਏ।